ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,
Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes


ਲੁਧਿਆਣਾ 'ਚ ਬਾਬਾ ਬਾਗੇਸ਼ਵਰ ਧਾਮ ਸਰਕਾਰ ਵੱਲੋਂ ਹਨੂੰਮਾਨ ਕਥਾ ਵਿੱਚ ਸੀਐਮ ਨਾਇਬ ਸਿੰਘ ਸੈਨੀ ਨੇ ਕੀਤੀ ਸ਼ਿਰਕਤ 03

ਸਾਲ 1, ਅੰਕ 363 Ph (Mohali Office) : 0160-2990739; (M) : +91-98156-16078 ਸੋਮਵਾਰ, 28 ਸਤੰਬਰ 2026 ( 12 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

## ਬੇਅਦਬੀ ਕਾਨੂੰਨ 'ਚ ਪ੍ਰਸਤਾਵਿਤ ਸੋਧਾਂ ਦੀ ਸਮੀਖਿਆ ਲਈ ਸੱਤ-ਮੈਂਬਰੀ ਕਮੇਟੀ ਦੀ ਸੀਐਮ ਮਾਨ ਦੇ ਘਰ ਹੋਈ ਮੀਟਿੰਗ



■ ਅਕਾਲ ਤਖ਼ਤ ਸਾਹਿਬ ਕਮੇਟੀ ਨਾਲ ਤਾਲਮੇਲ ਬਾਰੇ ਕੀਤਾ ਜਾਵੇਗਾ ਵਿਚਾਰ-ਵਟਾਂਦਰਾ

**ਦੇਸ਼ ਪ੍ਰਦੇਸ਼ ਚੰਡੀਗੜ੍ਹ, 27 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):** ਪੰਜਾਬ ਸਰਕਾਰ ਨੇ 'ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ-2026' ਸਬੰਧੀ ਪ੍ਰਕਿਰਿਆ ਦੇ ਅਗਲੇ ਪੜਾਅ ਦੀ ਸ਼ੁਰੂਆਤ ਕਰ ਦਿੱਤੀ ਹੈ। ਐਕਟ ਵਿੱਚ ਪ੍ਰਸਤਾਵਿਤ ਸੋਧਾਂ ਦੀ ਸਮੀਖਿਆ ਕਰਨ ਲਈ ਗਠਿਤ ਕੀਤੀ ਗਈ ਸੱਤ-ਮੈਂਬਰੀ ਉੱਚ-ਪੱਧਰੀ ਕਮੇਟੀ ਦੇ ਮੈਂਬਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਲਈ ਉਨ੍ਹਾਂ ਦੀ ਰਿਹਾਇਸ਼ 'ਤੇ ਪਹੁੰਚ ਗਏ ਹਨ। ਇਸ ਮੀਟਿੰਗ ਵਿੱਚ ਕਾਨੂੰਨ ਨੂੰ ਹੋਰ ਮਜ਼ਬੂਤ ਕਰਨ ਅਤੇ ਪ੍ਰਸਤਾਵਿਤ ਸੋਧਾਂ ਦੇ ਕਾਨੂੰਨੀ ਤੇ ਪ੍ਰਕਿਰਿਆਤਮਕ ਪਹਿਲੂਆਂ ਦੀ ਜਾਂਚ ਕਰਨ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਜਾਵੇਗੀ।

ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਧਾਨਗੀ ਹੇਠ ਹੋਣ ਵਾਲੀ ਇਸ ਮੀਟਿੰਗ ਵਿੱਚ, ਸੱਤ-ਮੈਂਬਰੀ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਤਾਲਮੇਲ ਕਰਕੇ ਪ੍ਰਸਤਾਵਿਤ ਸੋਧਾਂ ਦੀ ਸਮੀਖਿਆ ਕਰੇਗੀ। ਇਸ ਤੋਂ ਬਾਅਦ, ਕਮੇਟੀ ਵੱਲੋਂ ਲੋੜੀਂਦੀਆਂ ਤਬਦੀਲੀਆਂ ਅਤੇ ਭਵਿੱਖ ਦੀ ਕਾਰਜ-ਯੋਜਨਾ ਬਾਰੇ ਸੁਝਾਅ ਪੇਸ਼ ਕੀਤੇ ਜਾਣਗੇ।

ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸਰਕਾਰ ਇੱਕ ਅਜਿਹਾ ਮਜ਼ਬੂਤ ਕਾਨੂੰਨ ਬਣਾਉਣ ਲਈ ਵਚਨਬੱਧ ਹੈ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਸਕੇ। ਉਨ੍ਹਾਂ ਜ਼ੋਰ ਦਿੱਤਾ ਕਿ ਪ੍ਰਸਤਾਵਿਤ ਸੋਧਾਂ ਵਿੱਚ ਸਾਰੇ ਕਾਨੂੰਨੀ ਅਤੇ ਪ੍ਰਕਿਰਿਆਤਮਕ ਪਹਿਲੂਆਂ ਨੂੰ ਵਿਆਪਕ ਰੂਪ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਕਾਨੂੰਨ ਦੀ ਪ੍ਰਭਾਵਸ਼ੀਲਤਾ ਨੂੰ ਕਮਜ਼ੋਰ ਕਰਨ ਲਈ ਕਿਸੇ ਵੀ ਕਾਨੂੰਨੀ ਖਾਮੀ ਦਾ ਲਾਭ ਨਾ ਉਠਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਕਾਨੂੰਨ ਦੇ ਹਰ ਪਹਿਲੂ ਦੀ ਬਾਰੀਕੀ ਨਾਲ ਸਮੀਖਿਆ ਕਰਨੀ ਜ਼ਰੂਰੀ ਹੈ। ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਾਨੂੰਨ ਵਿਆਪਕ ਅਤੇ ਮਜ਼ਬੂਤ ਹੋਵੇ, ਤਾਂ ਜੋ ਬੇਅਦਬੀ ਵਿੱਚ ਸ਼ਾਮਲ ਕੋਈ ਵੀ ਵਿਅਕਤੀ ਕਾਨੂੰਨੀ ਖਾਮੀਆਂ ਦਾ ਫਾਇਦਾ ਉਠਾ ਕੇ ਜਵਾਬਦੇਹੀ ਤੋਂ ਬਚ ਨਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੱਤ-ਮੈਂਬਰੀ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਸਲਾਹ-ਮਸ਼ਵਰਾ ਕਰੇਗੀ। ਬਾਕੀ ਸਫ਼ਾ 7 'ਤੇ

## 'ਹੱਦ 'ਚ ਰਹੋ, ਨਹੀਂ ਤਾਂ 'ਕਿਲਾ ਦਾ ਡੱਬਾ' ਤਿਆਰ ਹੈ': ਰਵਨੀਤ ਬਿੱਟੂ ਨੂੰ ਪਾਕਿਸਤਾਨੀ ਨੰਬਰ ਤੋਂ ਮਿਲੀ ਧਮਕੀ




**ਦੇਸ਼ ਪ੍ਰਦੇਸ਼ ਲੁਧਿਆਣਾ, 27 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):** ਸਾਬਕਾ ਕੇਂਦਰੀ ਰਾਜ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਇਹ ਧਮਕੀ ਐਤਵਾਰ ਸਵੇਰੇ 11:30 ਵਜੇ ਇੱਕ ਪਾਕਿਸਤਾਨੀ ਨੰਬਰ ਤੋਂ ਉਨ੍ਹਾਂ ਦੇ ਵਟਸਐਪ 'ਤੇ ਭੇਜੇ ਗਏ ਵੌਇਸ ਸੁਨੇਹੇ ਰਾਹੀਂ ਦਿੱਤੀ ਗਈ। ਸੁਨੇਹਾ ਭੇਜਣ ਵਾਲੇ ਨੇ ਆਪਣੀ ਪਛਾਣ ਮਲਿਕ ਅਲੈਕਸ ਵਜੋਂ ਦੱਸੀ। ਵੌਇਸ ਸੁਨੇਹੇ ਵਿੱਚ ਕਿਹਾ ਗਿਆ: 'ਧਿਆਨ ਨਾਲ ਸੁਣੋ। ਤੁਸੀਂ ਹਾਲ ਹੀ ਵਿੱਚ ਬਹੁਤ ਬਕਵਾਸ ਕਰ ਰਹੇ ਹੋ। ਤੁਸੀਂ ਆਪਣੀ ਹੱਦ ਪਾਰ ਕਰ ਰਹੇ ਹੋ। ਆਪਣੀ ਸੀਮਾ ਵਿੱਚ ਰਹੋ; ਕਿਸੇ ਨੂੰ ਵੀ ਆਪਣੀ ਔਕਾਤ ਨਹੀਂ ਭੁੱਲਣੀ ਚਾਹੀਦੀ।' ਇਸ ਤੋਂ ਬਾਅਦ ਉਸਨੇ ਬਿੱਟੂ ਨੂੰ ਜਾਨੋਂ ਮਾਰਨ ਦੀ ਧਮਕੀ ਦਿੰਦਿਆਂ ਕਿਹਾ ਕਿ ਉਸ ਲਈ 'ਕਿੱਲਾਂ ਦਾ ਡੱਬਾ' (ਜਿਸਦਾ ਭਾਵ ਵਿਸਫੋਟਕ ਸੀ) ਤਿਆਰ ਹੈ। ਸੁਨੇਹੇ ਵਿੱਚ ਇਹ ਵੀ ਜ਼ਿਕਰ ਕੀਤਾ ਗਿਆ ਕਿ 5, 10 ਜਾਂ 15 ਦਿਨਾਂ ਦੇ ਅੰਦਰ ਹਮਲਾ ਕੀਤਾ ਜਾ ਸਕਦਾ ਹੈ। ਉਨ੍ਹਾਂ ਦੇ ਨਾਲ ਚੱਲਣ ਵਾਲੇ ਲੋਕਾਂ ਨੂੰ ਵੀ ਧਮਕੀਆਂ ਦਿੱਤੀਆਂ ਗਈਆਂ। ਬਿੱਟੂ ਨੇ ਇਸ ਮਾਮਲੇ ਸਬੰਧੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ ਅਤੇ ਸੁਰੱਖਿਆ ਏਜੰਸੀਆਂ ਫੋਨ ਨੰਬਰ ਅਤੇ ਵੌਇਸ ਸੁਨੇਹੇ ਦੀ ਜਾਂਚ ਕਰ ਰਹੀਆਂ ਹਨ। ਬਿੱਟੂ ਨੂੰ ਵੌਇਸ ਸੁਨੇਹਾ ਭੇਜਣ ਲਈ ਵਰਤਿਆ ਗਿਆ ਨੰਬਰ ਪਾਕਿਸਤਾਨ ਦਾ ਹੈ। ਸੁਨੇਹਾ ਭੇਜਣ ਵਾਲੇ ਨੇ 'ਸਲਾਮ' ਅਤੇ 'ਸਤਿ ਸ੍ਰੀ ਅਕਾਲ' ਨਾਲ ਗੱਲ ਸ਼ੁਰੂ ਕੀਤੀ, ਫਿਰ ਬਿੱਟੂ ਨੂੰ ਕਿਹਾ ਕਿ ਉਹ ਬਹੁਤ ਜ਼ਿਆਦਾ ਬਿਆਨਬਾਜ਼ੀ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਆਪਣੀ ਹੱਦ ਵਿੱਚ ਰਹਿਣ ਦੀ ਚੇਤਾਵਨੀ ਦਿੱਤੀ। ਉਸਨੇ ਪੁਲਿਸ ਅਤੇ 'ਰਾਅ' ਏਜੰਟਾਂ ਦੀ ਬੁਰੀ ਬਾਕੀ ਸਫ਼ਾ 7 'ਤੇ

## "ਰਾਜਨੀਤਿਕ ਮਤਭੇਦ ਆਪਣੀ ਜਗ੍ਹਾ, ਪਰ ਸੰਵਿਧਾਨਕ ਸੰਸਥਾਵਾਂ ਦਾ ਸਤਿਕਾਰ ਸਭ ਤੋਂ ਉੱਪਰ" : ਸੀਐਮ ਸੈਣੀ

### ਲੋਕਤੰਤਰ ਦੀ ਮਜ਼ਬੂਤੀ ਲਈ ਸ਼ੁੱਧ ਵੋਟਰ ਸੂਚੀ, ਨਿਰਪੱਖ ਚੋਣਾਂ ਤੇ ਹਰ ਯੋਗ ਨਾਗਰਿਕ ਦੀ ਭਾਗੀਦਾਰੀ ਜ਼ਰੂਰੀ : ਸੀਐਮ ਸੈਣੀ




**ਦੇਸ਼ ਪ੍ਰਦੇਸ਼ ਚੰਡੀਗੜ੍ਹ, 27 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) :** ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਦੇਸ਼ ਵਿੱਚ ਲੋੜ ਦੋਸ਼ਾਂ ਦੀ ਰਾਜਨੀਤੀ ਦੀ ਨਹੀਂ, ਸਗੋਂ ਤੱਥਾਂ ਦੀ ਰਾਜਨੀਤੀ ਦੀ ਹੈ। ਲੋਕਤੰਤਰ ਵਿੱਚ ਵਿਰੋਧੀ ਧਿਰ ਨੂੰ ਸਰਕਾਰ ਦਾ ਵਿਰੋਧ ਕਰਨ, ਸਵਾਲ ਪੁੱਛਣ ਅਤੇ ਜਵਾਬ ਮੰਗਣ ਦਾ ਪੂਰਾ ਅਧਿਕਾਰ ਹੈ, ਪਰ ਸਵਾਲ ਤੱਥਾਂ 'ਤੇ ਆਧਾਰਿਤ ਹੋਣੇ ਚਾਹੀਦੇ ਹਨ ਅਤੇ ਜੇਕਰ ਕਿਸੇ ਸੰਵਿਧਾਨਕ ਸੰਸਥਾ 'ਤੇ ਦੋਸ਼ ਲਗਾਏ ਜਾਂਦੇ ਹਨ ਤਾਂ ਉਸ ਦੇ ਪਿੱਛੇ ਠੋਸ ਸਬੂਤ ਵੀ ਹੋਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਚੋਣ ਕਮਿਸ਼ਨ, ਸੁਪਰੀਮ ਕੋਰਟ, ਕੰਟਰੋਲਰ ਅਤੇ ਆਡੀਟਰ ਜਨਰਲ (ਸੀ.ਏ.ਜੀ.) ਸਮੇਤ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਕਿਸੇ ਇੱਕ ਸਰਕਾਰ ਜਾਂ ਰਾਜਨੀਤਿਕ ਪਾਰਟੀ ਦੀਆਂ ਸੰਸਥਾਵਾਂ ਨਹੀਂ ਹਨ। ਇਹਨਾਂ ਦੀ ਪ੍ਰਤਿਸ਼ਠਾ ਅਤੇ ਵਿਸ਼ਵਾਸਯੋਗਤਾ ਪੂਰੇ ਦੇਸ਼ ਅਤੇ ਲੋਕਤੰਤਰ ਦੀ ਪੂੰਜੀ ਹੈ। ਇਸ ਲਈ ਰਾਜਨੀਤਿਕ ਮਤਭੇਦਾਂ ਦੇ ਬਾਵਜੂਦ ਇਹਨਾਂ ਸੰਸਥਾਵਾਂ ਦੀ ਗਰਿਮਾ ਬਣਾਏ ਰੱਖਣਾ ਸਾਰੀਆਂ ਰਾਜਨੀਤਿਕ ਪਾਰਟੀਆਂ ਅਤੇ ਨਾਗਰਿਕਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਐਤਵਾਰ ਨੂੰ ਗੁਰੂਗ੍ਰਾਮ ਵਿੱਚ ਆਯੋਜਿਤ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰ ਰਹੇ ਸਨ। ਪ੍ਰੈਸ ਕਾਨਫਰੰਸ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਵ ਨਰਬੀਰ ਸਿੰਘ, ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਪਟੌਦੀ ਦੀ ਵਿਧਾਇਕ ਬਿਮਲਾ ਚੌਧਰੀ, ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਰਜੀਵ ਜੇਤਲੀ ਵੀ ਮੌਜੂਦ ਰਹੇ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਕਾਂਗਰਸ ਅਤੇ ਉਸ ਦੀਆਂ ਸਹਿਯੋਗੀ ਪਾਰਟੀਆਂ ਵੱਲੋਂ ਚੋਣ ਕਮਿਸ਼ਨ, ਚੋਣ ਪ੍ਰਕਿਰਿਆ ਅਤੇ ਹੋਰ ਸੰਵਿਧਾਨਕ ਸੰਸਥਾਵਾਂ ਨੂੰ ਲੈ ਕੇ ਸਵਾਲ ਚੁੱਕੇ ਜਾ ਰਹੇ ਹਨ। ਬਾਕੀ ਸਫ਼ਾ 7 'ਤੇ

## ਐ ਐਚ ਓ ਸੁਨੀਤਾ ਰਾਣੀ ਤੇ ਹੋਮ ਗਾਰਡ ਜਵਾਨ ਗੁਰਅਵਤਾਰ ਸਿੰਘ 50 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ



**ਦੇਸ਼ ਪ੍ਰਦੇਸ਼ ਮੋਗਾ /ਕੋਟ ਈਸੇ ਖਾਂ, 27 ਸਤੰਬਰ (ਜਗਰਾਜ ਸਿੰਘ ਸੰਘਾ) :** ਵਿਜੀਲੈਂਸ ਬਿਊਰੋ ਰੇਂਜ ਫਿਰੋਜ਼ਪੁਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਥਾਣਾ ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਦੀ ਮੁੱਖ ਅਫ਼ਸਰ ਅਤੇ ਹੋਮ ਗਾਰਡ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਨੇ ਦੱਸਿਆ ਕਿ ਇਸ ਸਬੰਧੀ ਮੁਕੱਦਮਾ ਨੰਬਰ 21 ਮਿਤੀ 26.09.2026 ਅ/ਧ 7 ਪੀ.ਸੀ. ਐਕਟ 1988 ਐਜ਼ ਅਮੈਂਡਿਡ ਬਾਏ ਪੀ.ਸੀ. (ਅਮੈਂਡਮੈਂਟ) ਐਕਟ 2018 ਥਾਣਾ ਵਿਜੀਲੈਂਸ ਬਿਊਰੋ, ਰੇਂਜ ਫਿਰੋਜ਼ਪੁਰ ਵਿਖੇ ਦਰਜ ਕੀਤਾ ਗਿਆ ਹੈ। ਮੁਦਈ ਰਾਜਵਿੰਦਰ ਸਿੰਘ ਨੂੰ ਥਾਣਾ ਕੋਟ ਈਸੇ ਖਾਂ ਵਿਖੇ ਦਰਜ ਮੁਕੱਦਮਾ ਨੰਬਰ 217 ਮਿਤੀ 22.09.2026 ਅ/ਧ 21,22,61-65 ਐਨ.ਡੀ.ਪੀ.ਐਸ ਐਕਟ ਵਿੱਚ ਨਾਮਜ਼ਦ ਕਰਨ ਦਾ ਡਰਾਵਾ ਦੇ ਕੇ ਇਸ ਉਕਤ ਮੁਕੱਦਮੇ ਦੇ ਦੋਸ਼ੀ ਪੀ. ਐਚ.ਜੀ ਗੁਰਅਵਤਾਰ ਸਿੰਘ ਨੇ 01 ਲੱਖ ਰੁਪਏ ਦੀ ਮੰਗ ਕੀਤੀ ਅਤੇ 80 ਹਜ਼ਾਰ ਰੁਪਏ ਲੈਣ ਲਈ ਰਾਜ਼ੀ ਹੋ ਗਿਆ। ਗੁਰਅਵਤਾਰ ਸਿੰਘ ਵੱਲੋਂ ਵੱਖ-ਵੱਖ ਮਿਤੀਆਂ ਨੂੰ ਮੁਦਈ ਪਾਸੋਂ 20 ਹਜ਼ਾਰ ਹਾਸਲ ਕਰ ਚੁੱਕਾ ਸੀ ਅਤੇ ਉਸ ਵੱਲੋਂ ਬਾਕੀ ਰਹਿੰਦੇ 60 ਹਜ਼ਾਰ ਰੁਪਏ ਰਿਸ਼ਵਤ ਦੇ ਬਦਲੇ ਦੀ ਮੰਗ ਕਰਨ ਸਬੰਧੀ ਹੋਈ ਗੱਲਬਾਤ ਦੀ ਮੁਦਈ ਵੱਲੋਂ ਆਪਣੇ ਫੋਨ ਵਿੱਚ ਰਿਕਾਰਡਿੰਗ ਕਰ ਲਈ। ਜਿਸ ਨੂੰ ਮੁਦਈ ਵੱਲੋਂ ਇੰਸਪੈਕਟਰ ਜਗਨਦੀਪ ਕੌਰ, ਵੱਲੋਂ ਰੇਂਜ ਫਿਰੋਜ਼ਪੁਰ ਪਾਸ ਪੇਸ਼ ਕੀਤਾ ਗਿਆ। ਉਕਤ ਇੰਸਪੈਕਟਰ ਵੱਲੋਂ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਉਂਦੇ ਹੋਏ ਮੁਕੱਦਮਾ ਦਰਜ ਕਰਵਾਕੇ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਗੁਰਅਵਤਾਰ ਸਿੰਘ, ਥਾਣਾ ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਗਿਆ। ਜਿਸ ਦੀ ਪੁਛਗਿੱਛ ਉਪਰੰਤ ਉਸ ਵੱਲੋਂ ਉਕਤ ਰਿਸ਼ਵਤ ਵਿੱਚੋਂ 50 ਹਜ਼ਾਰ ਰੁਪਏ ਦੋਸ਼ੀ ਸੁਨੀਤਾ ਰਾਣੀ, ਮੁੱਖ ਅਫ਼ਸਰ ਥਾਣਾ ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਦੇ ਦਫ਼ਤਰ ਵਿੱਚ ਇੰਸਪੈਕਟਰ ਸੁਨੀਤਾ ਰਾਣੀ ਉਕਤ ਨੂੰ ਵੀ ਪੀ.ਐਚ.ਜੀ ਗੁਰਅਵਤਾਰ ਸਿੰਘ ਪਾਸੋਂ ਉਕਤ ਰਿਸ਼ਵਤ ਦੇ ਪੈਸੇ ਹਾਸਲ ਕਰਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਗਿਆ ਹੈ। ਮੁਕੱਦਮਾ ਦੀ ਤਫ਼ਤੀਸ਼ ਜਾਰੀ ਹੈ। ਵਿਜੀਲੈਂਸ ਬਿਊਰੋ, ਪੰਜਾਬ ਵੱਲੋਂ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਭ੍ਰਿਸ਼ਟਾਚਾਰ ਦੀ ਅਜਿਹੀ ਕਿਸੇ ਵੀ ਘਟਨਾ ਦੀ ਸੂਚਨਾ ਵਿਜੀਲੈਂਸ ਬਿਊਰੋ ਨੂੰ ਦੇਣ। ਵਿਜੀਲੈਂਸ ਬਿਊਰੋ ਭ੍ਰਿਸ਼ਟਾਚਾਰ ਵਿੱਚ ਸ਼ਾਮਿਲ ਸਾਰੇ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਵਚਨਬੱਧ ਹੈ।

## ਐਲਐਨਜੀ ਨਾਲ ਚੱਲੀ ਦੇਸ਼ ਦੀ ਪਹਿਲੀ ਦੋਹਰੇ-ਈਂਧਨ ਵਾਲੀ ਰੇਲਗੱਡੀ

### ਅਮਿਤ ਸ਼ਾਹ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ




**ਦੇਸ਼ ਪ੍ਰਦੇਸ਼ ਅਹਿਮਦਾਬਾਦ, 27 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):** ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ ਨੂੰ ਅਹਿਮਦਾਬਾਦ ਦੇ ਸਾਬਰਮਤੀ ਰੇਲਵੇ ਸਟੇਸ਼ਨ ਤੋਂ ਦੇਸ਼ ਦੀ ਪਹਿਲੀ ਐਲਐਨਜੀ (ਤਰਲ ਕੁਦਰਤੀ ਗੈਸ) ਨਾਲ ਚੱਲਣ ਵਾਲੀ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨੇ ਸਾਬਰਮਤੀ ਡਿਵੀਜ਼ਨ ਅਧੀਨ ਭਾਰਤੀ ਰੇਲਵੇ ਦੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਵੀ ਰੱਖੇ। ਇਕੱਠ ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ ਨੇ ਕਿਹਾ ਕਿ ਸਾਬਰਮਤੀ ਡਿਵੀਜ਼ਨ ਵਿੱਚ ਸ਼ੁਰੂ ਕੀਤੇ ਗਏ ਵੱਖ-ਵੱਖ ਰੇਲਵੇ ਪ੍ਰੋਜੈਕਟ ਵਾਤਾਵਰਣ ਸੰਬੰਧੀ ਚਿੰਤਾਵਾਂ ਨੂੰ ਹੱਲ ਕਰਨ, ਯਾਤਰੀਆਂ ਲਈ ਸਹੂਲਤਾਂ ਵਧਾਉਣ ਅਤੇ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰਨਗੇ। ਅਮਿਤ ਸ਼ਾਹ ਨੇ ਜ਼ਿਕਰ ਕੀਤਾ ਕਿ ਦਿੱਲੀ ਤੋਂ ਸਫ਼ਰ ਕਰਦੇ ਸਮੇਂ ਉਹ ਕਈ ਵਾਰ ਸਾਬਰਮਤੀ ਰੇਲਵੇ ਸਟੇਸ਼ਨ 'ਤੇ ਉਤਰੇ ਹਨ। ਸਾਲਾਂ ਦੌਰਾਨ ਸਟੇਸ਼ਨ ਵਿੱਚ ਆਈ ਤਬਦੀਲੀ ਨੂੰ ਦੇਖਦੇ ਹੋਏ, ਉਨ੍ਹਾਂ ਨੇ ਰੇਲਵੇ ਅਧਿਕਾਰੀਆਂ ਅਤੇ ਪੂਰੀ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ, 'ਸਾਬਰਮਤੀ ਰੇਲਵੇ ਡਿਵੀਜ਼ਨ ਤੋਂ ਲੈ ਕੇ ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਤੱਕ, ਪੂਰੀ ਟੀਮ ਨੂੰ ਮੇਰੇ ਦਿਲੋਂ ਵਧਾਈ। ਇੰਨੇ ਲੰਬੇ ਸਮੇਂ ਬਾਅਦ ਸਾਬਰਮਤੀ ਸਟੇਸ਼ਨ ਨੂੰ ਇਸ ਨਵੇਂ ਰੂਪ ਵਿੱਚ ਦੇਖਣਾ ਸੱਚਮੁੱਚ ਬਹੁਤ ਖਾਸ ਹੈ।' ਉਨ੍ਹਾਂ ਨੇ ਯਾਤਰੀਆਂ ਦੀਆਂ ਸਹੂਲਤਾਂ, ਸੁਰੱਖਿਆ ਅਤੇ ਸੰਪਰਕ (ਕਨੈਕਟੀਵਿਟੀ) ਦੇ ਖੇਤਰਾਂ ਵਿੱਚ ਕੀਤੇ ਗਏ ਅਹਿਮ ਬਦਲਾਅ ਨੂੰ ਉਜਾਗਰ ਕੀਤਾ ਅਤੇ ਦੱਸਿਆ ਕਿ ਸਟੇਸ਼ਨ ਅਤੇ ਰੇਲਵੇ ਨਾਲ ਸਬੰਧਤ ਸਹੂਲਤਾਂ ਵਿੱਚ ਵਿਆਪਕ ਤਬਦੀਲੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਜਾਣਕਾਰੀ ਦਿੱਤੀ ਕਿ ਐਤਵਾਰ ਨੂੰ ਜਿਨ੍ਹਾਂ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ ਅਤੇ ਜਿਨ੍ਹਾਂ ਦੀ ਨੀਂਹ ਰੱਖੀ ਗਈ, ਉਨ੍ਹਾਂ 'ਤੇ ਕੁੱਲ 1,472 ਕਰੋੜ ਰੁਪਏ ਦਾ ਨਿਵੇਸ਼ ਕੀਤਾ ਜਾਵੇਗਾ। ਅਮਿਤ ਸ਼ਾਹ ਨੇ ਕਿਹਾ ਕਿ ਇਹ ਪ੍ਰੋਜੈਕਟ ਖੇਤਰ ਦੇ ਯਾਤਰੀਆਂ ਲਈ ਬਹੁਤ ਲਾਹੇਵੰਦ ਸਾਬਤ ਹੋਣਗੇ; ਉਨ੍ਹਾਂ ਨੇ ਇਨ੍ਹਾਂ ਨਵੀਆਂ ਸਹੂਲਤਾਂ ਨੂੰ ਯਾਤਰੀਆਂ ਦੀ ਸਹੂਲਤ, ਸੁਰੱਖਿਆ ਅਤੇ ਵਾਤਾਵਰਣਕ ਸਥਿਰਤਾ ਲਈ ਅਹਿਮ ਦੱਸਿਆ। ਸਾਬਰਮਤੀ ਰੇਲਵੇ ਸਟੇਸ਼ਨ ਅਤੇ ਆਲੇ-ਦੁਆਲੇ ਦਾ ਰੇਲ ਬੁਨਿਆਦੀ ਢਾਂਚਾ ਗੁਜਰਾਤ ਵਿੱਚ ਚੱਲ ਰਹੇ ਪ੍ਰਮੁੱਖ ਰੇਲਵੇ ਪ੍ਰੋਜੈਕਟਾਂ ਦਾ ਹਿੱਸਾ ਹਨ। ਮੁੰਬਈ-ਅਹਿਮਦਾਬਾਦ ਹਾਈ-ਸਪੀਡ ਰੇਲ ਕੋਰੀਡੋਰ ਦੇ ਤਹਿਤ, ਸਾਬਰਮਤੀ ਨੂੰ ਇੱਕ 'ਮਲਟੀ-ਮੋਡਲ ਹੱਬ' ਵਜੋਂ ਵਿਕਸਤ ਕੀਤਾ ਜਾ ਰਿਹਾ ਹੈ, ਜਿਸ ਨੂੰ ਬੁਲੇਟ ਟ੍ਰੇਨ, ਮੈਟਰੋ, ਬੀ.ਆਰ.ਟੀ.ਐਸ. ਅਤੇ ਰੇਲਵੇ ਨੈੱਟਵਰਕ ਨੂੰ ਆਪਸ ਵਿੱਚ ਜੋੜਨ ਲਈ ਤਿਆਰ ਕੀਤਾ ਗਿਆ ਹੈ। ਰੇਲਵੇ ਅਨੁਸਾਰ, ਐਲਐਨਜੀ-ਡੀਜ਼ਲ ਦੋਹਰੇ-ਈਂਧਨ (ਡਿਊਲ-ਫਿਊਲ) ਪ੍ਰਣਾਲੀ ਨੂੰ ਅਪਣਾਉਣ ਨਾਲ ਡੀਜ਼ਲ ਦੀ ਖਪਤ ਵਿੱਚ ਲਗਭਗ 40 ਫੀਸਦੀ ਕਮੀ ਆਉਣ ਦੀ ਉਮੀਦ ਹੈ। ਇਸ ਨਾਲ ਨਾ ਸਿਰਫ਼ ਈਂਧਨ ਦੀ ਲਾਗਤ ਘ ਇਨ੍ਹਾਂ ਦੀ ਵਰਤੋਂ ਅੱਠ-ਡੱਬਿਆਂ ਵਾਲੀ ਰੇਲਗੱਡੀ ਚਲਾਉਣ ਲਈ ਕੀਤੀ ਜਾਵੇਗੀ। ਰੇਲਵੇ ਨੂੰ ਉਮੀਦ ਹੈ ਕਿ ਡੀਜ਼ਲ ਦੇ ਮੁਕਾਬਲੇ ਐਲਐਨਜੀ ਦੀ ਵਰਤੋਂ ਨਾਲ ਬਾਲਣ ਦੀ ਲਾਗਤ ਘੱਟ ਆਵੇਗੀ। ਅਨੁਮਾਨ ਹੈ ਕਿ ਹਰੇਕ ਇੰਜਣ ਨਾਲ ਸਾਲਾਨਾ ਲਗਭਗ 11.9 ਲੱਖ ਰੁਪਏ ਦੀ ਬੱਚਤ ਹੋਵੇਗੀ, ਜਿਸ ਬਾਕੀ ਸਫ਼ਾ 7 'ਤੇ

## ਉਪਵੈਦ ਬੇਰੁਜ਼ਗਾਰ ਯੂਨੀਅਨ ਵੱਲੋਂ ਸਿਹਤ ਮੰਤਰੀ ਦੇ ਘਰ ਦਾ ਕੀਤਾ ਘੇਰਾਓ




**ਦੇਸ਼ ਪ੍ਰਦੇਸ਼ ਪਟਿਆਲਾ, 27 ਸਤੰਬਰ (ਰਾਜਿੰਦਰ ਸਿੰਘ ਥਿੰਦ) :** ਉਪ ਵੈਦ ਬੇਰੁਜ਼ਗਾਰ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਨੂੰ ਲੈਕੇ ਅੱਜ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੀ ਕੋਠੀ ਦਾ ਘਿਰਾਓ ਕੀਤਾ ਗਿਆ। 11 ਸਾਲਾਂ ਤੋਂ ਉਪ ਵੈਦ ਦੀਆਂ ਪੋਸਟਾਂ ਨਾ ਕੱਢੇ ਜਾਣ ਤੇ ਰੋਸ ਪ੍ਰਦਰਸ਼ਨ ਜ਼ਾਹਿਰ ਕੀਤਾ। ਇਸ ਮੌਕੇ ਪਟਿਆਲਾ ਦੇ ਤਹਿਸੀਲਦਾਰ ਗਗਨਦੀਪ ਸਿੰਘ ਜੀ ਵੱਲੋਂ 1 ਅਕਤੂਬਰ ਨੂੰ ਸਿਹਤ ਮੰਤਰੀ ਨਾਲ ਪੈਨਲ ਮੀਟਿੰਗ ਦਾ ਪ੍ਰੋਗਰਾਮ ਯੂਨੀਅਨ ਨੂੰ ਲਿਖਤੀ ਰੂਪ ਵਿੱਚ ਪੱਤਰ ਦਿੱਤਾ ਗਿਆ ਅਤੇ ਭਰੋਸਾ ਦਵਾਇਆ ਜਲਦ ਹੀ ਪੋਸਟਾਂ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਇਸ ਮੌਕੇ ਯੂਨੀਅਨ ਦੇ ਵੱਖ ਵੱਖ ਆਗੂ ਹਰਵਿੰਦਰ ਸਿੰਘ ਬੂਹੀ ਸੂਬਾ ਪ੍ਰਧਾਨ ਰਵਿੰਦਰ ਸਿੰਘ ਘੱਗਾ ਸੂਬਾ ਮੀਤ ਪ੍ਰਧਾਨ ਅਵੀ ਕੁਮਾਰ ਫਾਜ਼ਿਲਕਾ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਬਠਿੰਡਾ ਸੁਮਣ, ਜੋਤੀ ਰਾਣੀ, ਰਿੰਪੀ ਰਾਣੀ ਆਦਿ ਹਾਜਿਰ ਅਤੇ ਸਮੂਹ ਯੂਨੀਅਨ ਦੇ ਪ੍ਰਧਾਨਾ ਅਤੇ ਸਾਥੀਆਂ ਨੇ ਰੋਸ ਪ੍ਰਦਰਸ਼ਨ ਦੌਰਾਨ ਇਹ ਚੇਤਾਵਨੀ ਵੀ ਦਿੱਤੀ ਹੈ। ਜੇਕਰ 1 ਅਕਤੂਬਰ ਨੂੰ ਸਿਹਤ ਮੰਤਰੀ ਪੈਨਲ ਮੀਟਿੰਗ ਵਿੱਚ ਪੋਸਟਾਂ ਦੇ ਨੋਟੀਫਿਕੇਸ਼ਨ ਜਾਰੀ ਕਰਵਾਉਣ ਦਾ ਫ਼ੈਸਲਾ ਨਹੀਂ ਲੈਂਦੇ ਤਾਂ ਆਉਣ ਵਾਲੇ ਦਿਨਾਂ ਵਿਚ ਯੂਨੀਅਨ ਵੱਲੋਂ ਸਿਹਤ ਮੰਤਰੀ ਖਿਲਾਫ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

## ਮਾਲੇਰਕੋਟਲਾ 'ਚ ਸਰੀਏ ਨਾਲ ਭਰੇ ਟਰੱਕ ਨੂੰ ਲੱਗੀ ਅੱਗ, ਫਾਇਰ ਬ੍ਰਿਗੇਡ ਨੇ ਮੁਸਤੈਦੀ ਨਾਲ ਪਾਇਆ ਕਾਬੂ




**ਦੇਸ਼ ਪ੍ਰਦੇਸ਼ ਮਾਲੇਰਕੋਟਲਾ, 27 ਸਤੰਬਰ (ਮੁਨਸ਼ੀ ਫ਼ਾਰੂਕ) :** ਮਾਲੇਰਕੋਟਲਾ ਟਰੱਕ ਯੂਨੀਅਨ ਨੇੜੇ ਬੀਤੀ ਰਾਤ ਸਰੀਏ ਨਾਲ ਭਰੇ ਇੱਕ ਟਰੱਕ ਨੂੰ ਅਚਾਨਕ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ। ਫਾਇਰ ਬ੍ਰਿਗੇਡ ਦੀ ਟੀਮ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਅੱਗ 'ਤੇ ਕਾਬੂ ਪਾ ਕੇ ਵੱਡੇ ਨੁਕਸਾਨ ਨੂੰ ਟਾਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫਾਇਰ ਅਫ਼ਸਰ ਦਿਲਸ਼ਾਦ ਅਲੀ ਖਾਨ ਨੇ ਦੱਸਿਆ ਕਿ 26 ਸਤੰਬਰ ਨੂੰ ਰਾਤ ਕਰੀਬ 11:24 ਵਜੇ ਨਵਦੀਪ ਸਿੰਘ ਨਾਮਕ ਵਿਅਕਤੀ ਵੱਲੋਂ ਫਾਇਰ ਦਫ਼ਤਰ ਨੂੰ ਟਰੱਕ ਨੂੰ ਅੱਗ ਲੱਗਣ ਸਬੰਧੀ ਸੂਚਨਾ ਦਿੱਤੀ ਗਈ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਤੁਰੰਤ ਮੌਕੇ ਲਈ ਰਵਾਨਾ ਹੋਈ ਅਤੇ ਲਗਭਗ 5 ਤੋਂ 7 ਮਿੰਟਾਂ ਵਿੱਚ ਘਟਨਾ ਸਥਾਨ 'ਤੇ ਪਹੁੰਚ ਕੇ ਅੱਗ ਬੁਝਾਉਣ ਦੀ ਕਾਰਵਾਈ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਅੱਗ ਦੀਆਂ ਲਪਟਾਂ ਤੇਜ਼ ਹੋਣ ਕਾਰਨ ਟਰੱਕ ਦਾ ਅਗਲਾ ਹਿੱਸਾ ਕਾਫ਼ੀ ਪ੍ਰਭਾਵਿਤ ਹੋਇਆ। ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਸੂਝ-ਬੂਝ ਅਤੇ ਮੁਸਤੈਦੀ ਨਾਲ ਕਾਰਵਾਈ ਕਰਦਿਆਂ ਅੱਗ ਨੂੰ ਅੱਗੇ ਫੈਲਣ ਤੋਂ ਰੋਕਿਆ। ਸਮੇਂ ਸਿਰ ਕੀਤੀ ਗਈ ਕਾਰਵਾਈ ਕਾਰਨ ਨੇੜੇ ਖੜ੍ਹੇ ਹੋਰ ਵਾਹਨਾਂ ਅਤੇ ਆਸ-ਪਾਸ ਦੀਆਂ ਦੁਕਾਨਾਂ ਨੂੰ ਸੰਭਾਵਿਤ ਨੁਕਸਾਨ ਤੋਂ ਬਚਾਇਆ ਜਾ ਸਕਿਆ। ਫਾਇਰ ਅਫ਼ਸਰ ਨੇ ਦੱਸਿਆ ਕਿ ਰਾਹਤ ਦੀ ਗੱਲ ਇਹ ਰਹੀ ਕਿ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਟਰੱਕ ਮਾਲਕ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਅੱਗ ਕਾਰਨ ਕਰੀਬ 4 ਲੱਖ ਰੁਪਏ ਦਾ ਮਾਲੀ ਨੁਕਸਾਨ ਹੋਣ ਦਾ ਅਨੁਮਾਨ ਹੈ। ਫਾਇਰ ਬ੍ਰਿਗੇਡ ਦੀ ਟੀਮ ਦੀ ਅਗਵਾਈ ਫਾਇਰ ਅਫ਼ਸਰ ਦਿਲਸ਼ਾਦ ਅਲੀ ਖਾਨ ਵੱਲੋਂ ਕੀਤੀ ਗਈ। ਟੀਮ ਵਿੱਚ ਡਰਾਈਵਰ ਅਵਤਾਰ ਸਿੰਘ ਅਤੇ ਫਾਇਰਮੈਨ ਦਰਸ਼ਨ ਸਿੰਘ, ਸਤਵਿੰਦਰ ਸਿੰਘ, ਜਤਿੰਦਰ ਸਿੰਘ ਅਤੇ ਮਲਕੀਤ ਸਿੰਘ ਸ਼ਾਮਲ ਸਨ। ਸਥਾਨਕ ਲੋਕਾਂ ਅਤੇ ਟਰੱਕ ਯੂਨੀਅਨ ਦੇ ਮੈਂਬਰਾਂ ਵੱਲੋਂ ਫਾਇਰ ਬ੍ਰਿਗੇਡ ਟੀਮ ਦੀ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਦੀ ਸ਼ਲਾਘਾ ਕੀਤੀ ਗਈ।

## ਭਾਜਪਾ ਦ੍ਰਿੜ੍ਹ ਇਰਾਦੇ ਨਾਲ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਰਹੇਗੀ : ਰਵਨੀਤ ਸਿੰਘ ਬਿੱਟੂ



**ਦੇਸ਼ ਪ੍ਰਦੇਸ਼ ਫ਼ਤਹਿਗੜ੍ਹ ਸਾਹਿਬ, 27 ਸਤੰਬਰ (ਅਭਿਸ਼ੇਕ ਮਲਹੋਤਰਾ) :** ਪੰਜਾਬ ਨੂੰ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਕਰਵਾਉਣ ਲਈ ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈਆਂ ਜਾ ਰਹੀਆਂ 'ਨਸ਼ਾ ਮੁਕਤ ਪੰਜਾਬ ਯਾਤਰਾਵਾਂ' ਦੌਰਾਨ ਸਾਬਕਾ ਕੇਂਦਰੀ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਪੰਜਾਬ ਦੇ ਸਾਬਕਾ ਮੰਤਰੀ ਡਾ. ਹਰਬੰਸ ਲਾਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਲੋਕ ਭਾਗੀਦਾਰੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਗੱਲਬਾਤ ਕਰਦਿਆਂ ਰਵਨੀਤ ਸਿੰਘ ਬਿੱਟੂ ਅਤੇ ਡਾ. ਹਰਬੰਸ ਲਾਲ ਨੇ ਕਿਹਾ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਵਿਧਾਨ ਸਭਾ ਹਲਕਿਆਂ ਵਿੱਚ ਕੱਢੀਆਂ ਜਾ ਰਹੀਆਂ ਇਹ ਯਾਤਰਾਵਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ ਵਿਰੋਧੀ ਮੁਹਿੰਮ ਨੂੰ ਲੋਕ ਲਹਿਰ ਵਿੱਚ ਤਬਦੀਲ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਹੋਰ ਵਿਆਪਕ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ, ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸੰਗਠਨ ਮੰਤਰੀ ਸ੍ਰੀਨਿਵਾਸਲੂ ਦੀ ਅਗਵਾਈ ਅਤੇ ਸਹਿਯੋਗ ਨਾਲ ਪੰਜਾਬ ਭਾਜਪਾ ਵੱਲੋਂ ਨਸ਼ਿਆਂ ਵਿਰੁੱਧ ਇੱਕ ਮਜ਼ਬੂਤ ਮਾਹੌਲ ਸਿਰਜਣ ਲਈ ਯਤਨ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਭਾਜਪਾ ਆਗੂਆਂ ਨੇ ਦੋਸ਼ ਲਗਾਇਆ ਕਿ ਸੂਬੇ ਦੀ ਮੌਜੂਦਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਨਸ਼ਾ ਤਿੰਨ ਮਹੀਨਿਆਂ ਵਿੱਚ ਖਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਉਨ੍ਹਾਂ ਦੇ ਅਨੁਸਾਰ ਅੱਜ ਵੀ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਉਨ੍ਹਾਂ ਦਾਅਵਾ ਬਾਕੀ ਸਫ਼ਾ 7 'ਤੇ

## ਨੇਪਾਲ 'ਚ ਫਿਰ ਕੁਦਰਤੀ ਆਫ਼ਤ: ਬਰਫ਼ੀਲੇ ਤੂਫ਼ਾਨ ਕਾਰਨ 10 ਪਰਬਤਾਰੋਹੀ ਲਾਪਤਾ

### ਹੜ੍ਹਾਂ ਤੇ ਜ਼ਮੀਨ ਖਿਸਕਣ ਨਾਲ ਭਾਰੀ ਤਬਾਹੀ



**ਕਾਠਮੰਡੂ, 27 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):** ਬੰਗਾਲ ਦੀ ਖਾੜੀ ਵਿੱਚ ਬਣੇ ਮੌਸਮੀ ਸਿਸਟਮ ਕਾਰਨ ਨੇਪਾਲ ਵਿੱਚ ਇੱਕ ਵਾਰ ਫਿਰ ਕੁਦਰਤੀ ਆਫ਼ਤ ਨੇ ਭਾਰੀ ਤਬਾਹੀ ਮਚਾਈ ਹੈ। ਐਤਵਾਰ ਸਵੇਰੇ ਪੱਛਮੀ ਨੇਪਾਲ ਦੇ ਮਨੰਗ ਜ਼ਿਲ੍ਹੇ ਵਿੱਚ 7,126 ਮੀਟਰ ਉੱਚੇ ਹਿਮਲੁੰਗ ਹਿਮਾਲ ਦੇ ਬੇਸ ਕੈਂਪ 'ਤੇ ਆਏ ਵੱਡੇ ਬਰਫ਼ੀਲੇ ਤੂਫ਼ਾਨ ਕਾਰਨ ਘੱਟੋ-ਘੱਟ 10 ਪਰਬਤਾਰੋਹੀ ਲਾਪਤਾ ਹੋ ਗਏ ਹਨ। ਲਾਪਤਾ ਲੋਕਾਂ ਵਿੱਚ ਗਾਈਡ ਅਤੇ ਰਸੋਈ ਸਟਾਫ਼ ਸ਼ਾਮਲ ਹਨ, ਜਿਨ੍ਹਾਂ ਵਿੱਚ 'ਇਮੇਜਿਨ ਨੇਪਾਲ' ਏਜੰਸੀ ਦੇ ਵੀ ਦੋ ਮੈਂਬਰ ਸ਼ਾਮਲ ਹਨ। ਖ਼ਰਾਬ ਮੌਸਮ ਅਤੇ ਦੂਰ-ਦੁਰਾਡੇ ਇਲਾਕਾ ਹੋਣ ਕਾਰਨ ਬਚਾਅ ਕਾਰਜਾਂ ਵਿੱਚ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਤੋਂ ਬਾਅਦ ਸੈਰ-ਸਪਾਟਾ ਵਿਭਾਗ ਨੇ ਸਾਰੀਆਂ ਟ੍ਰੈਕਿੰਗ ਗਤੀਵਿਧੀਆਂ 'ਤੇ ਰੋਕ ਲਗਾ ਦਿੱਤੀ ਹੈ। ਦੂਜੇ ਪਾਸੇ, ਵੀਰਵਾਰ ਤੋਂ ਹੋ ਰਹੀ ਲਗਾਤਾਰ ਭਾਰੀ ਬਾਰਿਸ਼ ਕਾਰਨ ਨੇਪਾਲ ਦੇ ਮੈਦਾਨੀ ਅਤੇ ਪਹਾੜੀ ਇਲਾਕਿਆਂ ਵਿੱਚ ਬਾਕੀ ਸਫ਼ਾ 7 'ਤੇ

## ਮੌਜੂਦਾ ਵਿਧਾਇਕ ਦੇ ਖ਼ਿਲਾਫ਼ ਸਾਬਕਾ ਵਿਧਾਇਕ ਹਰਦਿਆਲ ਕੰਬੋਜ਼ ਨੇ ਲਗਾਇਆ ਧਰਨਾ



### ਵਿਧਾਇਕ ਨੀਨਾ ਮਿੱਤਲ ਵੱਲੋਂ ਪਿੰਡਾਂ ਵਾਸੀਆਂ ਨੂੰ ਸੜਕ ਬਣਾਉਣ ਦੇ ਲਾਰੇ ਲਗਾ ਕੇ ਲੰਮੇ ਸਮੇਂ ਤੋਂ ਖੱਜਲ-ਖੁਆਰ ਕੀਤਾ ਜਾ ਰਿਹੈ : ਹਰਦਿਆਲ ਕੰਬੋਜ

**ਦੇਸ਼ ਪ੍ਰਦੇਸ਼ ਪਟਿਆਲਾ, 27 ਸਤੰਬਰ (ਰਾਜਿੰਦਰ ਸਿੰਘ ਥਿੰਦ) :** ਪਿੰਡ ਬਸੰਤਪੁਰਾ ਤੋਂ ਭਗੜਾਣਾ ਚੁੰਨੀ ਤੱਕ ਦਰਜਨਾਂ ਪਿੰਡਾਂ ਨੂੰ ਜੋੜਦੀ ਹੋਈ ਸੜਕ ਦੇ ਬੁਰੀ ਟੁੱਟਣ ਕਾਰਨ ਲੋਕਾਂ ਨੂੰ ਬਾਰੀ ਪ੍ਰੇਸ਼ਾਨੀਆਂ ਦਾ ਸ਼ਹਾਮਣਾ ਕਰਨਾ ਪੈ ਰਿਹਾ ਹੈ। ਰਾਜਪੁਰਾ ਦੀ ਵਿਧਾਇਕ ਨੀਨਾ ਮਿੱਤਲ ਵੱਲੋਂ ਪਿੰਡਾਂ ਦੇ ਵਾਸੀਆਂ ਨੂੰ ਸੜਕ ਬਣਾਉਣ ਦੇ ਲਾਰੇ ਲਗਾ ਕੇ ਵਿਧਾਇਕਾ ਨੀਨਾ ਮਿੱਤਲ ਵੱਲੋਂ ਪਿੰਡ ਵਾਸੀਆਂ ਨੂੰ ਲੰਮੇ ਸਮੇਂ ਤੋਂ ਖੱਜਲ-ਖੁਆਰ ਕੀਤਾ ਜਾ ਰਿਹਾ ਹੈ। ਜਿਸ ਤੋਂ ਤੰਗ ਆਕੇ ਸਾਬਕਾ ਵਿਧਾਇਕ ਹਰਦਿਆਲ ਕੰਬੋਜ ਦੀ ਅਗਵਾਈ ਹੇਠ ਪਿੰਡ ਵਾਸੀਆਂ ਸੜਕ ਦੀ ਉਸਾਰੀ ਦੀ ਮੰਗ ਨੂੰ ਲੈ ਕੇ ਧਰਨਾ ਲਗਾਇਆ। ਅਤੇ ਐਮ ਐਲ ਏ ਨੀਨਾ ਮਿੱਤਲ ਦੇ ਖਿਲਾਫ ਜ਼ੋਰਦਾਰ ਨਾਅਰੇ ਬਾਜ਼ੀ ਕੀਤੀ ਗਈ। ਇਸ ਮੌਕੇ ਹਰਦਿਆਲ ਕੰਬੋਜ ਨੇ ਵਿਧਾਇਕਾ ਨੀਨਾ ਮਿੱਤਲ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸੜਕ ਦਾ ਕੰਮ ਜਲਦ ਸ਼ੁਰੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ। ਕੰਬੋਜ ਨੇਕਿਹਾ ਕਿ ਹਲਕੇ ਦੀਆਂ ਸੜਕਾਂ ਚ ਦੋ ਦੋ ਫੁੱਟ ਦੇ ਟੋਏ ਪੈ ਚੁੱਕੇ ਹਨ ਪ੍ਰੰਤੂ ਸਰਕਾਰ ਕੋਈ ਸਾਰ ਨਹੀ ਲੈ ਰਹੀ। ਉਹਨਾਂ ਕਿਹਾ ਕਿ ਰਾਜਪੁਰੇ ਅੰਦਰ ਬੁਰੀ ਤਰਾਂ ਗੰਦਗੀ ਫੈਲੀ ਹੋਈ ਹੈ। ਹਲਕੇ ਦੀ ਵਿਧਾਇਕ ਲੋਕਾਂ ਦੀਆਂ ਜਿੰਦਗੀਆਂ ਨਾਲ ਖਿਲਵਾੜ ਕਰ ਰਹੀ ਹੈ। ਕੰਬੋਜ ਨੇ ਕਿਹਾ ਕੇ ਲੋਕਾਂ ਦਾ ਆਮ ਆਦਮੀ ਦੀ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ ਅਤੇ ਲੋਕ ਇਸ ਸਰਕਾਰ ਨੂੰ ਚਲਦਾ ਕਰਨ ਲਈ ਕਾਹਲੇ ਹਨ।

## ਐਲਪੀਯੂ ਵਿੱਚ ਹੰਗਾਮਾ: ਵਿਦਿਆਰਥਣ ਨਾਲ ਬਲਾਤਕਾਰ ਦੀਆਂ ਖ਼ਬਰਾਂ ਤੋਂ ਭੜਕੇ ਵਿਦਿਆਰਥੀਆਂ ਵੱਲੋਂ ਭੰਨ-ਤੋੜ ਤੇ ਲਗਾਈ ਅੱਗ

■ ਅੰਮ੍ਰਿਤਸਰ-ਦਿੱਲੀ ਹਾਈਵੇਅ ਜਾਮ ਕੀਤਾ



**ਦੇਸ਼ ਪ੍ਰਦੇਸ਼ ਜਲੰਧਰ, 27 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):** ਜਲੰਧਰ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਕੈਂਪਸ ਵਿੱਚ ਸ਼ਨੀਵਾਰ ਦੇਰ ਰਾਤ ਵਿਦਿਆਰਥੀਆਂ ਨੇ ਭਾਰੀ ਰੋਸ ਪ੍ਰਦਰਸ਼ਨ ਕੀਤਾ। ਰਿਪੋਰਟਾਂ ਅਨੁਸਾਰ, ਇਹ ਹੰਗਾਮਾ ਉਦੋਂ ਸ਼ੁਰੂ ਹੋਇਆ ਜਦੋਂ ਕੁੜੀਆਂ ਦੇ ਹੋਸਟਲ ਵਿੱਚ ਕਥਿਤ ਬਲਾਤਕਾਰ ਬਾਰੇ ਇੱਕ ਸੰਦੇਸ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਇਆ, ਜਿਸ ਨਾਲ ਵਿਦਿਆਰਥੀਆਂ ਵਿੱਚ ਭਾਰੀ ਰੋਹ ਪੈਦਾ ਹੋ ਗਿਆ। ਬਹੁਤ ਸਾਰੇ ਵਿਦਿਆਰਥੀਆਂ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਅਤੇ ਤਸਵੀਰਾਂ ਸਾਂਝੀਆਂ ਕੀਤੀਆਂ। ਇਨ੍ਹਾਂ ਪੋਸਟਾਂ ਮੁਤਾਬਕ, ਇਹ ਗੁੱਸਾ ਕੁੜੀਆਂ ਦੇ ਹੋਸਟਲ ਨਾਲ ਜੁੜੀ ਇੱਕ ਗੰਭੀਰ ਘਟਨਾ ਕਾਰਨ ਪੈਦਾ ਹੋਇਆ ਸੀ। ਪ੍ਰਦਰਸ਼ਨ ਦੌਰਾਨ ਵਿਦਿਆਰਥੀਆਂ ਨੇ ਭੰਨ-ਤੋੜ ਅਤੇ ਅੱਗਜ਼ਨੀ ਕੀਤੀ। ਇਸ ਹੰਗਾਮੇ ਕਾਰਨ ਅੰਮ੍ਰਿਤਸਰ-ਦਿੱਲੀ ਹਾਈਵੇਅ 'ਤੇ ਜਾਮ ਲੱਗ ਗਿਆ। ਪੁਲਿਸ ਮੌਕੇ 'ਤੇ ਪਹੁੰਚੀ ਅਤੇ ਵਿਦਿਆਰਥੀਆਂ ਨੂੰ ਸ਼ਾਂਤ ਕਰਨ ਵਿੱਚ ਸਫਲ ਰਹੀ। ਇਸ ਤੋਂ ਬਾਅਦ, ਵਿਦਿਆਰਥੀਆਂ ਦੀਆਂ ਸ਼ਿਕਾਇਤਾਂ ਦੇ ਆਧਾਰ 'ਤੇ, 7-3 ਹੋਸਟਲ ਵਿੱਚ ਰਹਿਣ ਵਾਲੀ ਇੱਕ ਵਿਦਿਆਰਥਣ ਨਾਲ ਕਥਿਤ ਬਲਾਤਕਾਰ ਦੇ ਮਾਮਲੇ ਵਿੱਚ ਇੱਕ ਅਣਪਛਾਤੇ ਵਿਅਕਤੀ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਜਾਂਚ ਲਈ ਸੱਤ ਮੈਂਬਰੀ ਵਿਸ਼ੇਸ਼ ਜਾਂਚ ਟੀਮ ਵੀ ਗਠਿਤ ਕੀਤੀ ਗਈ ਹੈ; ਇਸ ਟੀਮ ਵਿੱਚ ਵਿਦਿਆਰਥੀ ਜਥੇਬੰਦੀ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਦੋਵਾਂ ਦੇ ਨੁਮਾਇੰਦੇ ਸ਼ਾਮਲ ਹੋਣਗੇ। ਜਲੰਧਰ ਰੇਂਜ ਦੇ ਡੀ.ਆਈ.ਜੀ. ਨਵੀਨ ਸਿੰਗਲਾ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਕੁਝ ਮੰਗਾਂ ਰੱਖੀਆਂ ਹਨ। ਹੋਸਟਲ ਅਤੇ ਕੈਂਪਸ ਦੇ ਆਮ ਮਾਮਲਿਆਂ ਬਾਰੇ ਚਰਚਾ ਕਰਨ ਲਈ ਯੂਨੀਵਰਸਿਟੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਚੱਲ ਰਹੀ ਹੈ। 'ਅਸੀਂ ਐਫ.ਆਈ.ਆਰ. ਦਰਜ ਕਰ ਲਈ ਹੈ ਅਤੇ ਇੱਕ ਐਸਆਈਟੀ ਬਣਾਈ ਹੈ। ਅਸੀਂ ਉਨ੍ਹਾਂ ਦੇ ਨੁਮਾਇੰਦਿਆਂ ਦੇ ਸਹਿਯੋਗ ਨਾਲ ਜਾਂਚ ਕਰਾਂਗੇ—ਜਿਸ ਵਿੱਚ ਵਿਗਿਆਨਕ ਵਿਸ਼ਲੇਸ਼ਣ ਵੀ ਸ਼ਾਮਲ ਹੋਵੇਗਾ—ਅਤੇ ਜੇਕਰ ਕੋਈ ਦੋਸ਼ੀ ਪਾਇਆ ਜਾਂਦਾ ਹੈ, ਤਾਂ ਅਸੀਂ ਉਸਨੂੰ ਜ਼ਰੂਰ ਗ੍ਰਿਫਤਾਰ ਕਰਾਂਗੇ। ਸਾਡੀ ਟੀਮ ਸੀ.ਸੀ.ਟੀ.ਵੀ. ਫੁਟੇਜ ਦੀ ਜਾਂਚ ਕਰ ਰਹੀ ਹੈ ਅਤੇ ਜੇਕਰ ਕੋਈ ਸੁਰਾਗ ਮਿਲਦਾ ਹੈ, ਤਾਂ ਅਸੀਂ ਬਣਦੀ ਕਾਰਵਾਈ ਕਰਾਂਗੇ।' ਇਸ ਘਟਨਾ ਬਾਰੇ ਯੂਨੀਵਰਸਿਟੀ ਪ੍ਰਬੰਧਨ ਦਾ ਕਹਿਣਾ ਹੈ ਕਿ ਕੋਈ ਬਲਾਤਕਾਰ ਨਹੀਂ ਹੋਇਆ। ਉਨ੍ਹਾਂ ਦਾ ਦਾਅਵਾ ਹੈ ਕਿ ਯੂਨੀਵਰਸਿਟੀ ਦੀ ਸਾਖ ਨੂੰ ਖਰਾਬ ਕਰਨ ਲਈ ਸੋਸ਼ਲ ਮੀਡੀਆ 'ਤੇ ਗਲਤ ਜਾਣਕਾਰੀ ਫੈਲਾਈ ਗਈ ਸੀ। ਪ੍ਰਬੰਧਨ ਨੇ ਪੂਰਾ ਸਹਿਯੋਗ ਦੇਣ ਦੀ ਤਿਆਰੀ ਪ੍ਰਗਟਾਈ ਹੈ ਅਤੇ ਕਿਹਾ ਹੈ ਕਿ ਉਹ ਪੁਲਿਸ ਜਾਂ ਵਿਦਿਆਰਥੀਆਂ ਦੁਆਰਾ ਮੰਗੀ ਗਈ ਸੀ.ਸੀ.ਟੀ.ਵੀ. ਫੁਟੇਜ ਜਾਂ ਕੋਈ ਹੋਰ ਦਸਤਾਵੇਜ਼ ਮੁਹੱਈਆ ਕਰਵਾਉਣ ਲਈ ਤਿਆਰ ਹਨ। ਐਫ.ਆਈ.ਆਰ. ਦਰਜ ਹੋਣ ਤੋਂ ਬਾਅਦ, ਬਾਕੀ ਸਫ਼ਾ 7 'ਤੇ

